# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 29-12-2024**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਿਹਾ ਕਿ ਸੰਵਿਧਾਨ ਦੇਸ਼ ਦਾ ਮਾਰਗ ਦਰਸ਼ਕ ਏ .. ਉਹਨਾਂ ਕਿਹਾ ਕਿ ਇਹ ਬੜੇ ਮਾਣ ਵਾਲੀ ਗੱਲ ਏ ਕਿ ਅਗਲੇ ਸਾਲ 26 ਜਨਵਰੀ ਨੂੰ ਭਾਰਤੀ ਸੰਵਿਧਾਨ 75 ਸਾਲ ਪੂਰੇ ਕਰ ਰਿਹਾ ਏ। ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ 'ਚ ਰਾਸ਼ਟਰ ਨੂੰ ਸੰਬੋਧਿਤ ਕਰਦੇ ਹੋਏ ਮੋਦੀ ਨੇ ਕਿਹਾ ਕਿ ਸੰਵਿਧਾਨ ਹਰ ਅਰਥ 'ਚ ਸਮੇਂ ਦੀ ਪ੍ਰੀਖਿਆ 'ਤੇ ਖਰਾ ਉਤਰਿਆ ਏ। ਪ੍ਰਧਾਨ ਮੰਤਰੀ ਨੇ ਨੋਟ ਕੀਤਾ ਕਿ ਇਸ ਸਾਲ ਸੰਵਿਧਾਨ ਦਿਵਸ ਦੇ ਮੌਕੇ 'ਤੇ ਕਈ ਗਤੀਵਿਧੀਆਂ ਸ਼ੁਰੂ ਹੋਈਆਂ ਹਨ ਜੋ ਸਾਲ ਭਰ ਜਾਰੀ ਰਹਿਣਗੀਆਂ। ਉਨ•ਾਂ ਦੱਸਿਆ ਕਿ ਨਾਗਰਿਕਾਂ ਨੂੰ ਸੰਵਿਧਾਨ ਦੀ ਵਿਰਾਸਤ ਨਾਲ ਜੋੜਨ ਲਈ ਇੱਕ ਵਿਸ਼ੇਸ਼ ਵੈੱਬਸਾਈਟ constitution75.com ਬਣਾਈ ਗਈ ਏ .. ਪ੍ਰਧਾਨ ਮੰਤਰੀ ਨੇ 'ਮਨ ਕੀ ਬਾਤ' ਦੇ ਸਰੋਤਿਆਂ, ਬੱਚਿਆਂ ਅਤੇ

ਨੌਜਵਾਨਾਂ ਨੂੰ ਵੈੱਬਸਾਈਟ 'ਤੇ ਜਾਣ ਦੀ ਅਪੀਲ ਕੀਤੀ। ਇਸ ਵੈਬਸਾਈਟ ਉਪਰ ਲੋਕ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹ ਸਕਦੇ ਨੇ ਅਤੇ ਵੈੱਬਸਾਈਟ 'ਤੇ ਆਪਣੀ ਵੀਡੀਓ ਅਪਲੋਡ ਕਰ ਸਕਦੇ ਨੇ । ਇਹ ਵੈੱਬਸਾਈਟ ਕਈ ਵੱਖ-ਵੱਖ ਭਾਸ਼ਾਵਾਂ ਵਿੱਚ ਸੰਵਿਧਾਨ ਨੂੰ ਪੜ੍ਹਨ ਅਤੇ ਸੰਵਿਧਾਨ ਨਾਲ ਸਬੰਧਤ ਸਵਾਲ ਪੁੱਛਣ ਦਾ ਮੌਕਾ ਵੀ ਪ੍ਰਦਾਨ ਕਰਦੀ ਏ ।ਪ੍ਰਧਾਨ ਮੰਤਰੀ ਨੇ ਕਿਹਾ ਕਿ ਅਗਲੇ ਸਾਲ 13 ਜਨਵਰੀ ਤੋਂ ਪ੍ਰਯਾਗਰਾਜ ਵਿੱਚ ਮਹਾਕੁੰਭ ਆਯੋਜਿਤ ਹੋਣ ਜਾ ਰਿਹਾ ਏ .. ਉਨ੍ਹਾਂ ਕਿਹਾ ਕਿ ਪ੍ਰਯਾਗਰਾਜ 'ਚ ਸੰਗਮ ਦੇ ਕਿਨਾਰਿਆਂ 'ਤੇ ਜ਼ਬਰਦਸਤ ਤਿਆਰੀਆਂ ਚੱਲ ਰਹੀਆਂ ਨੇ ।ਪ੍ਰ ਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਵਾਰ ਦੇਸ਼ ਅਤੇ ਦੁਨੀਆ ਭਰ ਦੇ ਸ਼ਰਧਾਲੂ ਪ੍ਰਯਾਗਰਾਜ ਵਿੱਚ ਡਿਜੀਟਲ ਮਹਾਕੁੰਭ ਦੇ ਗਵਾਹ ਵੀ ਹੋਣਗੇ। ਡਿਜੀਟਲ ਨੇਵੀਗੇਸ਼ਨ ਦੀ ਮਦਦ ਨਾਲ ਲੋਕ ਵੱਖ-ਵੱਖ ਘਾਟਾਂ, ਮੰਦਰਾਂ ਅਤੇ ਸਾਧੂਆਂ ਦੇ ਅਖਾੜਿਆਂ ਤੱਕ ਪਹੁੰਚ ਸਕਣਗੇ। ਇਹ ਨੈਵੀਗੇਸ਼ਨ ਸਿਸਟਮ ਪਾਰਕਿੰਗ ਤੱਕ ਪਹੁੰਚਣ ਵਿੱਚ ਵੀ ਮਦਦ ਕਰੇਗਾ।

--------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪਿਛਲੇ ਦਿਨੀ ਬਠਿੰਡਾ ਨੇੜੇ ਪ੍ਰਾਈਵੇਟ ਬੱਸ ਦੇ ਇੱਕ ਨਾਲੇ ਵਿੱਚ ਡਿੱਗਣ ਕਾਰਨ ਯਾਤਰੀਆਂ ਦੀ ਹੋਈ ਮੌਤ ‘ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਏ। ਮੁੱਖ ਮੰਤਰੀ ਨੇ ਪੀੜਤ ਪਰਿਵਾਰਾਂ ਦੇ ਮੈਂਬਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਇਸ ਔਖੀ ਘੜੀ ਵਿੱਚ ਪਰਿਵਾਰਾਂ ਨੂੰ ਇਹ ਨਾ ਪੂਰਿਆ ਜਾਣ ਵਾਲਾ ਘਾਟਾ ਸਹਿਣ ਕਰਨ ਦਾ ਬਲ ਬਖਸਣ ਅਤੇ ਵਿਛੜੀਆਂ ਰੂਹਾਂ ਨੂੰ ਸਾਂਤੀ ਬਖਸਣ। ਇਸ ਦੌਰਾਨ ਭਗਵੰਤ ਸਿੰਘ ਮਾਨ ਨੇ ਮ੍ਰਿਤਕਾਂ ਦੇ ਵਾਰਸਾਂ ਨੂੰ ਐਕਸ ਗ੍ਰੇਸੀਆ ਵਜੋਂ 3-3 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪਹਿਲਾਂ ਹੀ ਜ਼ਿਲ੍ਹਾ ਪ੍ਰਸਾਸਨ ਨੂੰ ਸਾਰੇ ਜਖਮੀਆਂ ਦਾ ਮੁਫਤ ਇਲਾਜ ਕਰਨ ਦੇ ਨਿਰਦੇਸ ਦਿੱਤੇ ਹੋਏ ਨੇ।

---------------------------------------------------

ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ’ਇੰਡੀਅਨ ਹਿਸਟਰੀ ਕਾਂਗਰਸ’ ਦਾ 83ਵਾਂ ਸੈਸ਼ਨ ਕਲ ਸ਼ੁਰੂ ਹੋਇਆ ਇਸ ਦੇ ਉਦਘਾਟਨੀ ਸਮਾਰੋਹ ਮੌਕੇ ਦੇਸ਼ ਵਿਦੇਸ਼ ਤੋਂ ਪੁੱਜੇ ਡੈਲੀਗੇਟਸ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਦੇ ਉਚੇਰੀ ਸਿੱਖਿਆ ਮੰਤਰੀ ਸ੍ਰ. ਹਰਜੋਤ ਸਿੰਘ ਬੈਂਸ ਨੇ ਕਿਹਾ

ਕਿ ਇਤਿਹਾਸ ਨੂੰ ਬਿਨਾ ਕਿਸੇ ਪੱਖਪਾਤ ਤੇ ਦਬਾਅ ਤੋਂ ਸਮਝਣ ਦੀ ਜ਼ਿੰਮੇਵਾਰੀ ਇਤਿਹਾਸਕਾਰਾਂ ਦੇ ਮੋਢਿਆਂ ਉੱਤੇ ਏ ਅਤੇ ਉਨ੍ਹਾਂ ਨੂੰ ਇਹ ਕਾਰਜ ਬਹੁਤ ਹੀ ਸੰਜੀਦਗੀ ਅਤੇ ਸਮਰਪਣ ਦੀ ਭਾਵਨਾ ਨਾਲ਼ ਨਿਭਾਉਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਪੰਜਾਬ ਇੱਕ ਪਵਿੱਤਰ ਧਰਤੀ ਏ ਅਤੇ ਇਸ ਦਾ ਬਹੁਤ ਹੀ ਮਾਣਮੱਤਾ ਇਤਿਹਾਸ ਰਿਹਾ ਏ। ਉਨ੍ਹਾਂ ਨੇ ਮਹਰਾਜਾ ਰਣਜੀਤ ਸਿੰਘ ਦੇ ਰਾਜ ਸਮੇਂ ਦੇ ਕੁਸ਼ਲ ਪ੍ਰਬੰਧ ਤੋਂ ਲੈ ਕੇ ਅਜ਼ਾਦੀ ਦੀ ਲੜਾਈ ਵਿੱਚ ਪੰਜਾਬੀਆਂ ਦੇ ਵੱਡੇ ਯੋਗਦਾਨ ਤੱਕ ਦੇ ਸਫਰ ਬਾਰੇ ਗੱਲ ਕਰਦਿਆਂ ਕਿਹਾ ਕਿ ਸਾਨੂ ਆਪਣੇ ਇਤਿਹਾਸ ਤੇ ਬੇਹੱਦ ਮਾਣ ਏ।

------------------------------------------------------------

ਪੰਜਾਬ ਪੁਲਿਸ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸ.ਐਸ.ਓ.ਸੀ.) ਅੰਮ੍ਰਿਤਸਰ ਨੇ ਵੱਡੀ ਸਫ਼ਲਤਾ ਹਾਸਲ ਕਰਦਿਆਂ, ਵਿਦੇਸ਼ ਅਧਾਰਤ ਹੈਂਡਲਰਾਂ ਵੱਲੋਂ ਚਲਾਏ ਜਾ ਰਹੇ ਇੱਕ ਨਾਰਕੋ-ਅੱਤਵਾਦ ਮਾਡਿਊਲ ਦੇ ਦੋ ਮੈਂਬਰਾਂ ਨੂੰ ਗ੍ਰਿਫਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਸਿਆ ਕਿ ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਨੇ ਅੰਮ੍ਰਿਤਸਰ ਦੇ ਇਸਲਾਮਾਬਾਦ ਪੁਲਿਸ ਸਟੇਸ਼ਨ ’ਤੇ ਕੀਤੇ ਹੈਂਡ-ਗ੍ਰਨੇਡ ਹਮਲੇ ਦਾ ਜ਼ੁਰਮ ਕਬੂਲਿਆ ਏ .. ਗ੍ਰਿਫ਼ਤਾਰ ਕੀਤੇ

ਗਏ ਦੋਸ਼ੀਆਂ ਦੀ ਪਛਾਣ ਗੁਰਜੀਤ ਸਿੰਘ ਵਾਸੀ ਡੰਡੇ, ਘਰਿੰਡਾ, ਅੰਮ੍ਰਿਤਸਰ ਅਤੇ ਬਲਜੀਤ ਸਿੰਘ ਵਾਸੀ ਛਾਪਾ, ਤਰਨਤਾਰਨ ਵਜੋਂ ਹੋਈ ਏ । ਪੁਲਿਸ ਨੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.4 ਕਿਲੋ ਹੈਰੋਇਨ, ਇੱਕ ਹੈਂਡ ਗ੍ਰਨੇਡ ਅਤੇ ਦੋ ਆਧੁਨਿਕ ਪਿਸਤੌਲਾਂ ਸਮੇਤ ਗੋਲੀ ਸਿੱਕਾ ਵੀ ਬਰਾਮਦ ਕੀਤਾ ਏ । ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਖਿਲਾਫ ਅਪਰਾਧਿਕ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਕੀਤੀ ਜਾ ਰਹੀ ਏ .

----------------------------------------------------------------

ਪੰਜਾਬ-ਚੰਡੀਗੜ੍ਹ 'ਚ ਮੀਂਹ ਤੋਂ ਬਾਅਦ ਹੁਣ ਧੁੰਦ ਦਾ ਅਸਰ ਦੇਖਣ ਨੂੰ ਮਿਲ ਰਿਹਾ ਏ । ਪੰਜਾਬ ਅਤੇ ਚੰਡੀਗੜ੍ਹ ਵਿੱਚ ਧੁੰਦ ਨੂੰ ਲੈ ਕੇ ਮੌਸਮ ਵਿਭਾਗ ਵੱਲੋਂ ਆਰੇਂਜ ਅਲਰਟ ਜਾਰੀ ਕੀਤਾ ਗਿਆ ਏ । ਇਸ ਦੇ ਨਾਲ ਹੀ ਸੀਤ ਲਹਿਰ ਨੂੰ ਲੈ ਕੇ ਚੇਤਾਵਨੀ ਵੀ ਦਿੱਤੀ ਗਈ ਏ । ਪੰਜਾਬ ਅਤੇ ਚੰਡੀਗੜ੍ਹ ਵਿੱਚ ਧੁੱਪ ਦੀ ਅਣਹੋਂਦ ਤੋਂ ਬਾਅਦ ਦਿਨ ਅਤੇ ਰਾਤ ਦੇ ਤਾਪਮਾਨ ਵਿੱਚ ਬਹੁਤਾ ਫਰਕ ਨਹੀਂ ਪਿਆ। ਇਸ ਦੇ ਨਾਲ ਹੀ ਪਹਾੜਾਂ 'ਤੇ ਹੋਈ ਬਰਫਬਾਰੀ ਨੇ ਠੰਡ ਨੂੰ ਵਧਾ ਦਿੱਤਾ ਏ । ਮੌਸਮ ਵਿਭਾਗ ਅਨੁਸਾਰ ਪਠਾਨਕੋਟ, ਗੁਰਦਾਸਪੁਰ, ਕਪੂਰਥਲਾ, ਜਲੰਧਰ, ਮੋਗਾ, ਬਠਿੰਡਾ, ਲੁਧਿਆਣਾ, ਬਰਨਾਲਾ ਅਤੇ ਮਾਨਸਾ ਤੇ ਬਾਕੀ ਸਾਰੇ ਜ਼ਿਲ੍ਹਿਆਂ ਵੀ ਵਿੱਚ ਧੁੰਦ ਅਤੇ ਸੀਤ ਲਹਿਰ ਨੂੰ ਲੈ ਕੇ ਔਰੇਂਜ ਅਲਰਟ ਜਾਰੀ ਕੀਤਾ ਗਿਆ ਏ । ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿੱਚ

ਵਿਜ਼ੀਬਿਲਟੀ 50 ਮੀਟਰ ਤੋਂ ਹੇਠਾਂ ਜਾ ਸਕਦੀ ਏ। ਇਸ ਸੰਬੰਧੀ ਮੌਸਮ ਵਿਭਾਗ ਨੇ  1 ਜਨਵਰੀ 2025 ਤੱਕ ਧੁੰਦ ਅਤੇ ਸ਼ੀਤ ਲਹਿਰ ਸਬੰਧੀ ਚੇਤਾਵਨੀ ਜਾਰੀ ਕੀਤੀ ਏ।